# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 8:30

**ਮਿਤੀ :14-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰਾਸ਼ਟਰਪਤੀ ਦ੍ਰੋਪਦੀ ਮੁਰਮੂ 80ਵੇਂ ਆਜ਼ਾਦੀ ਦਿਵਸ ਤੋਂ ਇੱਕ ਸ਼ਾਮ ਪਹਿਲਾਂ ਅੱਜ ਰਾਸ਼ਟਰ ਨੂੰ ਸੰਬੋਧਨ ਕਰਨਗੇ।
- -ਦੇਸ਼ ਦੀ ਵੰਡ ਦੌਰਾਨ ਦਰਦ ਝੱਲਣ ਵਾਲਿਆਂ ਦੀ ਯਾਦ ਵਿਚ ਅੱਜ, ਵੰਡ ਦਾ ਭਿਆਨਕ ਯਾਦਗਾਰੀ ਦਿਵਸ ਮਨਾਇਆ ਜਾ ਰਿਹਾ ਏ।
- -ਦਿੱਲੀ 'ਚ ਫਾਇਰ ਆਪਰੇਟਰ ਅਤੇ ਜੇਲ੍ਹ ਵਿਭਾਗ ਵਿੱਚ ਸਾਬਕਾ ਅਗਨੀਵੀਰਾਂ ਲਈ 20 ਫੀਸਦੀ ਰਾਖਵੇਂਕਰਨ ਨੂੰ ਉਪ-ਰਾਜਪਾਲ ਦੀ ਮਨਜ਼ੂਰੀ -ਉਮਰ ਹੱਦ ਵਿੱਚ ਵੀ ਛੋਟ ਮਿਲੇਗੀ।
- -ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ- ਦੇ ਤਹਿਤ ਕੇਂਦਰੀ ਬੈਂਕ ਡਿਜੀਟਲ ਕਰੰਸੀ ਸਿੱਧੇ ਲਾਭ ਟ੍ਰਾਂਸਫਰ ਲਈ ਡਿਜੀਟਲ ਵਿਵਸਥਾ ਅੱਜ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਸ਼ੁਰੂ ਕੀਤੀ ਜਾਵੇਗੀ।

- -ਉੱਤਰਾਖੰਡ ਵਿੱਚ, ਚਮੋਲੀ ਜ਼ਿਲ੍ਹੇ ਵਿੱਚ ਇੱਕ ਨਿਰਮਾਣ ਅਧੀਨ ਸੁਰੰਗ ਵਿਚ ਜ਼ਮੀਨ ਖਿਸਕਣ ਅਤੇ ਪਾਣੀ ਲੀਕ ਹੋਣ ਕਾਰਨ 6 ਲੋਕਾਂ ਦੀ ਮੌਤ -14 ਜ਼ਖਮੀ। ਅਤੇ
- -ਮੌਸਮ ਵਿਭਾਗ ਨੇ ਅੱਜ ਪੰਜਾਬ ਹਰਿਆਣਾ ਤੇ ਚੰਡੀਗੜ੍ਹ ਸਮੇਤ ਹੋਰਨਾਂ ਕਈ ਸੂਬਿਆਂ ਵਿੱਚ ਭਾਰੀ ਮੀਹਂ ਪੈਣ ਦੀ ਪੇਸ਼ੀਨਗੋਈ ਕੀਤੀ।

***ਹੁਣ ਖਬਰਾਂ ਵਿਸਥਾਰ ਨਾਲ***

-------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ 80ਵੇਂ ਆਜ਼ਾਦੀ ਦਿਵਸ ਤੋਂ ਇੱਕ ਸ਼ਾਮ ਪਹਿਲਾਂ ਰਾਸ਼ਟਰ ਨੂੰ ਸੰਬੋਧਨ ਕਰਨਗੇ। ਰਾਸ਼ਟਰਪਤੀ ਦਾ ਸੰਬੋਧਨ ਆਕਾਸ਼ਵਾਣੀ ਦੇ ਸਾਰੇ ਰਾਸ਼ਟਰੀ ਚੈਨਲਾਂ 'ਤੇ ਸ਼ਾਮ 7 ਵਜੇ ਪ੍ਰਸਾਰਿਤ ਕੀਤਾ ਜਾਵੇਗਾ। ਇਹ ਸੰਬੋਧਨ ਦੂਰਦਰਸ਼ਨ ਦੇ ਚੈਨਲਾਂ 'ਤੇ ਹਿੰਦੀ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ, ਉਸ ਤੋਂ ਬਾਅਦ ਅੰਗਰੇਜ਼ੀ ਸੰਸਕਰਣ ਵੀ ਪ੍ਰਸਾਰਿਤ ਕੀਤਾ ਜਾਵੇਗਾ। ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਸੰਬੋਧਨ ਪ੍ਰਸਾਰਿਤ ਹੋਣ ਤੋਂ ਬਾਅਦ, ਇਸਨੂੰ ਦੂਰਦਰਸ਼ਨ ਦੇ ਖੇਤਰੀ ਚੈਨਲਾਂ 'ਤੇ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ।

-------------------------------------------------------------------

ਆਜ਼ਾਦੀ ਦਿਵਸ ਮੌਕੇ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਵਲੋਂ ਰਾਸ਼ਟਰ ਨੂੰ ਸੰਬੋਧਨ ਦੇ ਮੱਦੇਨਜ਼ਰ, ਅੱਜ ਸ਼ਾਮ ਸੱਤ ਵਜੇ 30 ਮਿੰਟ 'ਤੇ ਪ੍ਰਸਾਰਿਤ ਕੀਤਾ ਜਾਣ ਵਾਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟੀਨ ਰਾਤ ਅੱਠ ਵਜੇ ਪ੍ਰਸਾਰਿਤ ਕੀਤਾ ਜਾਵੇਗਾ।

---------------------------------------------------------------

ਅੱਜ ਵੰਡ ਦਾ ਭਿਆਨਕ ਯਾਦਗਾਰੀ ਦਿਵਸ ਏ । ਇਸ ਮੌਕੇ ਦੇਸ਼ 1947 ਦੀ ਵੰਡ ਦੌਰਾਨ ਆਪਣੀਆਂ ਜਾਨਾਂ ਗੁਆਉਣ ਅਤੇ ਅਸਹਿ ਦਰਦ ਝੱਲਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ । ਸਾਡੇ ਪਤਰਕਾਰ ਨੇ ਦਸਿਆ ਕਿ ਇਸ ਤੋਂ ਪਹਿਲਾਂ, ਵੰਡ ਦੇ ਭਿਆਨਕ ਸਮਾਰਕ ਦਿਵਸ ਤੋਂ ਇਕ ਸ਼ਾਮ ਪਹਿਲਾਂ 'ਤੇ, ਕੇਂਦਰੀ ਸੈਰ-ਸਪਾਟਾ ਅਤੇ ਸੱਭਿਆਚਾਰ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਆਯੋਜਿਤ ਇੱਕ ਪ੍ਰੋਗਰਾਮ ਵਿੱਚ ਹਿੱਸਾ ਲਿਆ। ਇਸ ਮੌਕੇ 'ਤੇ, ਸ਼੍ਰੀ ਸ਼ੇਖਾਵਤ ਨੇ ਵੰਡ ਦੇ ਦੁਖਾਂਤ ਦਾ ਸ਼ਿਕਾਰ ਹੋਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਇਤਿਹਾਸ ਨੂੰ ਯਾਦ ਕਰਦੇ ਹੋਏ ਦੇਸ਼ ਦੀ ਏਕਤਾ, ਅਖੰਡਤਾ ਅਤੇ ਸਮਾਜਿਕ ਸਦਭਾਵਨਾ ਨੂੰ ਲਗਾਤਾਰ ਮਜ਼ਬੂਤ ਕਰਨ ਲਈ ਵਚਨਬੱਧ ਏ ।

---------------------------------------------------------------

ਵੰਡ ਦੇ ਭਿਆਨਕ ਯਾਦਗਾਰੀ ਦਿਵਸ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੰਡ ਤੋਂ ਪ੍ਰਭਾਵਿਤ ਸਾਰੇ ਲੋਕਾਂ ਦੀ ਹੌਸਲੇ ਨੂੰ ਯਾਦ ਕੀਤਾ ਏ । ਇੱਕ

ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਵੰਡ ਨੂੰ ਇਤਿਹਾਸ ਦਾ ਇੱਕ ਅਜਿਹਾ ਪਲ ਦੱਸਿਆ ਜਿਸਨੇ ਕਈ ਪਰਿਵਾਰ ਬੇਘਰ ਕਰ ਦਿੱਤੇ ਅਤੇ ਲੋਕਾਂ ਨੇ ਬੇਅੰਤ ਦੁੱਖ ਝੱਲੇ । ਸ਼੍ਰੀ ਮੋਦੀ ਨੇ ਕਿਹਾ ਕਿ ਉਸੇ ਸਮੇਂ, ਲੋਕਾਂ ਨੇ ਇਸ 'ਤੇ ਕਾਬੂ ਪਾਇਆ ਅਤੇ ਆਪਣੇ ਜੀਵਨ ਨੂੰ ਕੁਝ ਵੀ ਨਹੀਂ ਹੋਣ ਦਿੱਤਾ, ਮੁਸੀਬਤਾਂ ਨੂੰ ਪ੍ਰਾਪਤੀ ਵਿੱਚ ਬਦਲਿਆ ਅਤੇ ਦੇਸ਼ ਦੀ ਤਰੱਕੀ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦੀਆਂ ਜੀਵਨ ਯਾਤਰਾਵਾਂ ਸਾਰਿਆਂ ਨੂੰ ਮਨੁੱਖੀ ਭਾਵਨਾ ਦੀ ਤਾਕਤ ਦੀ ਯਾਦ ਦਿਵਾਉਂਦੀਆਂ ਹਨ। ਉਨ੍ਹਾਂ ਇਹ ਵੀ ਕਾਮਨਾ ਕੀਤੀ ਕਿ ਇਹ ਦਿਨ ਦੇਸ਼ ਵਿੱਚ ਸਦਭਾਵਨਾ ਅਤੇ ਭਾਈਚਾਰਾ ਬਣਾਈ ਰੱਖਣ ਅਤੇ ਇੱਕ ਵਿਕਾਸ ਭਾਰਤ ਬਣਾਉਣ ਲਈ ਸਮੂਹਿਕ ਤੌਰ 'ਤੇ ਕੰਮ ਕਰਨ ਦੇ ਹਰ ਕਿਸੇ ਦੇ ਸੰਕਲਪ ਨੂੰ ਪੱਕਾ ਕਰੇ।

---

ਗ੍ਰਹਿ ਮੰਤਰੀ ਅਮਿਤ ਸ਼ਾਹ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਅਤੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਅੱਜ ਤਿਰੰਗਾ ਲਹਿਰਾ ਕੇ ਹਰ ਘਰ ਤਿਰੰਗਾ ਮੁਹਿੰਮ ਵਿੱਚ ਸ਼ਾਮਲ ਹੋਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ,  ਅਮਿਤ ਸ਼ਾਹ ਨੇ ਕਿਹਾ ਕਿ ਇਹ ਮੁਹਿੰਮ ਦੇਸ਼ ਭਗਤੀ ਦੀ ਭਾਵਨਾ ਨੂੰ ਮਜ਼ਬੂਤ ਕਰ ਰਹੀ ਹੈ ਅਤੇ ਹਰ ਭਾਰਤੀ ਵਿੱਚ ਮਾਣ ਦੀ ਭਾਵਨਾ ਪੈਦਾ ਕਰ ਰਹੀ ਏ । ਨਵੀਂ ਦਿੱਲੀ ਵਿੱਚ ਆਪਣੇ ਨਿਵਾਸ ਸਥਾਨ 'ਤੇ ਬੋਲਦਿਆਂ, ਅਮਿਤ ਸ਼ਾਹ  ਨੇ ਕਿਹਾ ਕਿ ਕਰੋੜਾਂ ਲੋਕ ਇਸ ਮੁਹਿੰਮ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਇੱਕ ਭਾਰਤ ਸ਼੍ਰੇਸ਼ਠ

ਭਾਰਤ ਦੀ ਭਾਵਨਾ ਨੂੰ ਮਜ਼ਬੂਤ ਕਰ ਰਹੇ ਹਨ ।ਸਿਹਤ ਮੰਤਰੀ ਜੇ.ਪੀ. ਨੱਡਾ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੱਦੇ 'ਤੇ ਦੇਸ਼ ਹਰ ਘਰ ਤਿਰੰਗਾ ਮੁਹਿੰਮ ਦਾ ਆਯੋਜਨ ਕਰ ਰਿਹਾ ਹੈ ।ਵਿਦੇਸ਼ ਮੰਤਰੀ ਡਾ. ਜੈਸ਼ੰਕਰ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਰਾਸ਼ਟਰੀ ਝੰਡੇ ਦੇ ਨਾਲ ਇੱਕ ਫੋਟੋ ਵੀ ਸਾਂਝੀ ਕੀਤੀ। ਕੇਂਦਰੀ ਕੋਲਾ ਅਤੇ ਖਾਣ ਮੰਤਰੀ ਜੀ. ਕਿਸ਼ਨ ਰੈੱਡੀ ਨੇ ਸਾਰੇ ਨਾਗਰਿਕਾਂ ਨੂੰ ਆਪਣੇ ਘਰਾਂ ਵਿੱਚ ਤਿਰੰਗਾ ਲਹਿਰਾਉਣ ਦੀ ਅਪੀਲ ਕੀਤੀ।

-------------------------------------------------------------------

ਆਜ਼ਾਦੀ ਦਿਵਸ ਦੇ ਮੌਕੇ 'ਤੇ, ਦਿੱਲੀ ਮੈਟਰੋ ਸੇਵਾਵਾਂ ਸਾਰੇ ਟਰਮੀਨਲ ਸਟੇਸ਼ਨਾਂ ਤੋਂ ਸਵੇਰੇ 4 ਵਜੇ ਤੋਂ ਸ਼ੁਰੂ ਹੋਣਗੀਆਂ। ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ ਨੇ ਕਿਹਾ ਕਿ ਇਹ ਪ੍ਰਬੰਧ ਵਿਸ਼ੇਸ਼ ਮਹਿਮਾਨਾਂ, ਸੱਦਾ ਪੱਤਰਾਂ ਅਤੇ ਆਜ਼ਾਦੀ ਦਿਵਸ ਸਮਾਰੋਹਾਂ ਵਿੱਚ ਸ਼ਾਮਲ ਹੋਣ ਵਾਲੇ ਆਮ ਲੋਕਾਂ ਦੀ ਸਹੂਲਤ ਲਈ ਹੈ। ਨਿਯਮਤ ਸੇਵਾ ਮੁੜ ਸ਼ੁਰੂ ਹੋਣ ਤੱਕ ਸਾਰੀਆਂ ਮੈਟਰੋ ਲਾਈਨਾਂ 'ਤੇ ਰੇਲਗੱਡੀਆਂ ਹਰ 30 ਮਿੰਟਾਂ ਵਿੱਚ ਚੱਲਣਗੀਆਂ। ਲਾਲ ਕਿਲ੍ਹਾ, ਜਾਮਾ ਮਸਜਿਦ ਅਤੇ ਦਿੱਲੀ ਗੇਟ ਮੈਟਰੋ ਸਟੇਸ਼ਨ ਆਜ਼ਾਦੀ ਦਿਵਸ ਸਮਾਰੋਹ ਸਥਾਨਾਂ ਦੇ ਸਭ ਤੋਂ ਨੇੜਲੇ ਸਟੇਸ਼ਨ ਹਨ।

-------------------------------------------------------------------

ਦਿੱਲੀ ਸਰਕਾਰ ਨੇ ਅੱਗ ਬੁਝਾਉਣ ਬਾਰੇ ਸੇਵਾ ਵਿੱਚ ਫਾਇਰ ਆਪਰੇਟਰ ਅਤੇ ਜੇਲ੍ਹ ਵਿਭਾਗ ਵਿੱਚ ਵਾਰਡਰ ਅਤੇ ਮੈਟਰਨ ਦੀਆਂ ਅਸਾਮੀਆਂ 'ਤੇ ਸਿੱਧੀ ਭਰਤੀ ਵਿੱਚ ਸਾਬਕਾ ਅਗਨੀਵੀਰਾਂ ਲਈ 20 ਫੀਸਦੀ ਰਾਖਵਾਂਕਰਨ ਨੂੰ ਮਨਜ਼ੂਰੀ ਦੇ ਦਿੱਤੀ ਏ । ਗ੍ਰਹਿ ਵਿਭਾਗ ਦੇ ਹੁਕਮ ਵਿੱਚ ਉਮੀਦਵਾਰਾਂ ਲਈ ਉਮਰ ਵਿੱਚ ਛੋਟ ਦੀ ਵੀ ਵਿਵਸਥਾ ਏ । ਗ੍ਰਹਿ ਮੰਤਰਾਲੇ ਨੇ ਪਹਿਲਾਂ ਹੀ ਸਾਰੇ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਅਤੇ ਅਸਾਮ ਰਾਈਫਲਜ਼ ਵਿੱਚ ਕਾਂਸਟੇਬਲ ਅਤੇ ਰਾਈਫਲਮੈਨ ਪੱਧਰ ਦੀਆਂ ਅਸਾਮੀਆਂ ਦਾ 50 ਫੀਸਦੀ ਸਾਬਕਾ ਅਗਨੀਵੀਰਾਂ ਲਈ ਰਾਖਵਾਂ ਰੱਖ ਲਿਆ ਹੈ।

---------------------------------------------------------------------

ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ- ਦੇ ਤਹਿਤ ਕੇਂਦਰੀ ਬੈਂਕ ਡਿਜੀਟਲ ਕਰੰਸੀ (CBDC) – ਸਿੱਧੇ ਲਾਭ ਟ੍ਰਾਂਸਫਰ -DBT ਲਈ ਡਿਜੀਟਲ ਰੁਪਿਆ ਅੱਜ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਜਾਰੀ ਕੀਤਾ ਜਾਵੇਗਾ। ਪੇਸ਼ ਏ ਇਕ ਰਿਪੋਰਟ :RNU140826

*ਇਹ ਪਹਿਲ, ਭਾਰਤ ਸਰਕਾਰ ਵਲੋਂ ਭਲਾਈ ਯੋਜਨਾਵਾਂ ਵਿੱਚ ਸਬਸਿਡੀ ਵਾਲੇ ਅਨਾਜ ਦੀ ਭੌਤਿਕ ਵੰਡ ਤੋਂ ਸਿੱਧੇ ਲਾਭ ਟ੍ਰਾਂਸਫਰ ਅਤੇ ਹੁਣ CBDC ਰਾਹੀਂ ਉਦੇਸ਼-ਬੱਧ ਡਿਜੀਟਲ ਡਿਲੀਵਰੀ ਤੱਕ ਦੇ ਅਗਲੇ ਵਿਕਾਸ ਨੂੰ ਦਰਸਾਉਂਦੀ ਏ । ਅਧਿਕਾਰਤ ਸੂਤਰਾਂ ਦੇ ਹਵਾਲੇ ਨਾਲ, ਸਾਡੇ ਪੱਤਰਕਾਰ ਨੇ ਦਸਿਆ ਕਿ ਕਿ ਚੰਡੀਗੜ੍ਹ, ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਲਾਭਪਾਤਰੀਆਂ ਲਈ, CBDC ਅਧਾਰਤ ਭੋਜਨ ਸਬਸਿਡੀ ਦੇ ਸਿੱਧੇ ਲਾਭ ਟ੍ਰਾਂਸਫਰ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਕੇਂਦਰ ਸ਼ਾਸਤ ਪ੍ਰਦੇਸ਼ ਹੋਵੇਗਾ । ਇਸ ਸਮਾਰੋਹ ਦੀ ਪ੍ਰਧਾਨਗੀ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਕਰਨਗੇ। ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਮੁੱਖ ਮਹਿਮਾਨ ਅਤੇ ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ, ਪ੍ਰਹਿਲਾਦ ਜੋਸ਼ੀ ਵਿਸ਼ੇਸ਼ ਮਹਿਮਾਨ ਹੋਣਗੇ।*

*ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਰਾਜ ਮੰਤਰੀ, ਨਿਮੁਬੇਨ ਜਯੰਤੀ ਭਾਈ ਬੰਭਾਨੀਆ ਤੋਂ ਇਲਾਵਾ ਕੇਂਦਰ ਅਤੇ ਰਾਜ ਦੇ ਹੋਰ ਪਤਵੰਤੇ ਵੀ ਮੌਜੂਦ ਰਹਿਣਗੇ। CBDT-ਅਧਾਰਤ ਪਹਿਲਕਦਮੀ, ਦਾਦਰਾ ਅਤੇ ਨਗਰ ਹਵੇਲੀ ਲਈ ਚੰਡੀਗੜ੍ਹ ਤੋਂ ਵੀ ਵਰਚੁਅਲ ਮਾਧਿਅਮ ਰਾਹੀਂ ਜਾਰੀ ਕੀਤੀ ਜਾਵੇਗੀ। Rajesh Bali/Akashvani News/Jalandhar*

---------------------------------------------------------------------

ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ, ਡਾ. ਵੀਰੇਂਦਰ ਕੁਮਾਰ, ਅੱਜ ਨਵੀਂ ਦਿੱਲੀ ਵਿੱਚ ਸੀਨੀਅਰ ਸਿਟੀਜ਼ਨਜ਼ ਲਈ ਰਾਸ਼ਟਰੀ ਕੌਂਸਲ ਦੀ ਪੰਜਵੀਂ ਮੀਟਿੰਗ ਦੀ ਪ੍ਰਧਾਨਗੀ ਕਰਨਗੇ। ਮੀਟਿੰਗ ਦੌਰਾਨ, ਸੀਨੀਅਰ ਨਾਗਰਿਕਾਂ ਦੀ ਭਲਾਈ ਨਾਲ ਸਬੰਧਤ ਮੁੱਖ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ। ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਨੇ ਕਿਹਾ ਕਿ ਵਿਚਾਰ-ਵਟਾਂਦਰੇ ਤੋਂ ਸੀਨੀਅਰ ਨਾਗਰਿਕਾਂ ਲਈ ਇੱਕ ਸਨਮਾਨਜਨਕ, ਸੁਰੱਖਿਅਤ ਅਤੇ ਖੁਸ਼ਹਾਲ ਜੀਵਨ ਯਕੀਨੀ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਨ ਦੀ ਉਮੀਦ ਏ । ਇਸ ਮੌਕੇ ਇੱਕ ਈ-ਕਿਤਾਬ ਵੀ ਜਾਰੀ ਕੀਤੀ ਜਾਵੇਗੀ।

---------------------------------------------------------------------

ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕੱਲ ਨਵੀਂ ਦਿੱਲੀ ਵਿੱਚ ਸੋਧੇ ਹੋਏ ਇੰਡੀਆ ਕੋਡ ਪੋਰਟਲ ਦੀ ਸ਼ੁਰੂਆਤ ਕੀਤੀ।

ਇਸ ਮੌਕੇ ਬੋਲਦਿਆਂ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੰਵਿਧਾਨ ਅਤੇ ਕਾਨੂੰਨਾਂ ਬਾਰੇ ਜਾਣਕਾਰੀ ਸਾਰਿਆਂ ਲਈ ਆਸਾਨੀ ਨਾਲ ਪਹੁੰਚਯੋਗ ਅਤੇ ਸਮਝਣ ਯੋਗ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਇੰਡੀਆ ਕੋਡ ਪੋਰਟਲ ਨਾਗਰਿਕਾਂ ਨੂੰ ਸੰਵਿਧਾਨ, ਕੇਂਦਰੀ ਐਕਟਾਂ, ਨਿਯਮਾਂ ਅਤੇ ਹੋਰ ਕਾਨੂੰਨੀ ਜਾਣਕਾਰੀ ਤੱਕ ਇੱਕ ਥਾਂ 'ਤੇ ਆਸਾਨ ਪਹੁੰਚ ਪ੍ਰਦਾਨ ਕਰਦਾ

ਹੈ। ਸ੍ਰੀ ਮੇਘਵਾਲ ਨੇ ਕਿਹਾ ਕਿ ਤਕਨਾਲੋਜੀ ਕਾਨੂੰਨ ਤੱਕ ਜਨਤਕ ਪਹੁੰਚ ਨੂੰ ਹੋਰ ਬਿਹਤਰ ਬਣਾਏਗੀ। ਉਨ੍ਹਾਂ ਨੇ ਪੋਰਟਲ ਨੂੰ ਸੁਧਾਰਨ ਵਿੱਚ ਸ਼ਾਮਲ ਵਿਧਾਨ ਵਿਭਾਗ ਅਤੇ ਰਾਸ਼ਟਰੀ ਸੂਚਨਾ ਵਿਗਿਆਨ ਕੇਂਦਰ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਕਾਨੂੰਨੀ ਜਾਣਕਾਰੀ ਨੂੰ ਜਨਤਾ ਲਈ ਵਧੇਰੇ ਪਹੁੰਚਯੋਗ, ਪਾਰਦਰਸ਼ੀ ਅਤੇ ਉਪਯੋਗੀ ਬਣਾਉਣ ਵਿੱਚ ਮਦਦ ਕਰੇਗੀ।

-----------------------------------------------------------------

ਇੰਗਲੈਂਡ ਦੇ ਲੁਈਸ ਸ਼ਹਿਰ ਦੇ ਨੇੜੇ ਇੱਕ ਮੁਸਾਫ਼ਰ ਰੇਲਗੱਡੀ ਦੇ ਪਟੜੀ ਤੋਂ ਉਤਰ ਜਾਣ ਤੋਂ ਬਾਅਦ ਵੀਹ ਲੋਕ ਜ਼ਖਮੀ ਹੋ ਗਏ। ਉਨ੍ਹਾਂ ਵਿੱਚੋਂ ਦੋ ਦੀ ਹਾਲਤ ਗੰਭੀਰ ਬਣੀ ਹੋਈ ਹੈ। ਰੇਲਗੱਡੀ ਲਗਭਗ 150 ਯਾਤਰੀਆਂ ਨੂੰ ਲੈ ਕੇ ਜਾ ਰਹੀ ਸੀ ਅਤੇ ਲੰਡਨ ਦੇ ਵਿਕਟੋਰੀਆ ਸਟੇਸ਼ਨ ਤੋਂ ਈਸਟ-ਬੋਰਨ ਜਾ ਰਹੀ ਸੀ। ਸਾਰੇ ਯਾਤਰੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ । ਫਾਇਰ-ਫਾਈਟਰ, ਮੈਡੀਕਲ ਟੀਮਾਂ, ਐਂਬੂਲੈਂਸਾਂ ਅਤੇ ਤਿੰਨ ਹੈਲੀਕਾਪਟਰ ਬਚਾਅ ਕਾਰਜਾਂ ਵਿੱਚ ਲੱਗੇ ਹੋਏ ਹਨ। ਹਾਦਸੇ ਦਾ ਕਾਰਨ ਫਿਲਹਾਲ ਅਣਜਾਣ ਹੈ। ਰੇਲ ਦੁਰਘਟਨਾ ਜਾਂਚ ਸ਼ਾਖਾ ਨੇ ਘਟਨਾ ਦੀ ਜਾਂਚ ਲਈ ਇੱਕ ਟੀਮ ਘਟਨਾ ਸਥਾਨ 'ਤੇ ਭੇਜਿਆ ਏ ।

-----------------------------------------------------------------

ਰਾਜਸਥਾਨ ਮੰਤਰੀ ਮੰਡਲ ਨੇ ਅੱਜ ਰਾਜਸਥਾਨ ਇਕਸਾਰ ਸਿਵਲ

ਜ਼ਾਬਤਾ ਬਿੱਲ-2026 ਦੇ ਖਰੜੇ ਸਮੇਤ ਕਈ ਮਹੱਤਵਪੂਰਨ ਤਜਵੀਜ਼ਾਂ ਨੂੰ ਮਨਜ਼ੂਰੀ ਦੇ ਦਿੱਤੀ ਏ । ਮੁੱਖ ਮੰਤਰੀ ਭਜਨ ਲਾਲ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ, ਸੰਸਦੀ ਮਾਮਲਿਆਂ ਦੇ ਮੰਤਰੀ ਜੋਗਾਰਾਮ ਪਟੇਲ ਨੇ ਕਿਹਾ ਕਿ ਰਾਜਸਥਾਨ ਇਕਸਾਰ ਸਿਵਲ ਜ਼ਾਬਤਾ ਬਿੱਲ 2026 ਦੇ ਖਰੜੇ ਨੂੰ ਮਨਜ਼ੂਰੀ ਦੇ ਦਿੱਤੀ ਗਈ ਏ । ਤਜਵੀਜ਼ਸ਼ੁਦਾ ਬਿੱਲ ਦਾ ਉਦੇਸ਼ ਵਿਆਹ, ਤਲਾਕ, ਵਿਰਾਸਤ, ਰੱਖ-ਰਖਾਅ ਅਤੇ ਲਿਵ-ਇਨ ਰਿਲੇਸ਼ਨਸ਼ਿਪ ਸੰਬੰਧੀ ਰਾਜ ਭਰ ਵਿੱਚ ਇਕਸਾਰ ਪ੍ਰਬੰਧ ਪ੍ਰਦਾਨ ਕਰਨਾ ਏ । ਕਬਾਇਲੀ ਭਾਈਚਾਰਿਆਂ ਦੇ ਰੀਤੀ-ਰਿਵਾਜਾਂ ਅਤੇ ਰਿਵਾਇਤਾਂ ਨੂੰ ਖਰੜਾ ਸਿਵਲ ਜ਼ਾਬਤੇ ਦੇ ਦਾਇਰੇ ਤੋਂ ਬਾਹਰ ਰੱਖਿਆ ਗਿਆ ਏ । ਰਾਜ ਸਰਕਾਰ ਨੇ ਗੈਰ-ਕਾਨੂੰਨੀ ਅਤੇ ਅੰਨ੍ਹੇਵਾਹ ਰੁੱਖਾਂ ਦੀ ਕਟਾਈ ਨੂੰ ਰੋਕਣ ਲਈ ਸਖ਼ਤ ਪ੍ਰਬੰਧ ਬਾਰੇ ਰਾਜਸਥਾਨ ਰੁੱਖ ਸੰਭਾਲ ਬਿੱਲ 2026 ਪੇਸ਼ ਕਰਨ ਦਾ ਵੀ ਫੈਸਲਾ ਕੀਤਾ ਏ । ਰਾਜ ਦੇ ਰੁੱਖਾਂ ਖੇਜਰੀ, ਰੋਹਿਡਾ ਅਤੇ ਪੀਪਲ ਸਮੇਤ ਕੁੱਲ 29 ਪ੍ਰਜਾਤੀਆਂ ਨੂੰ ਸੁਰੱਖਿਅਤ ਵਜੋਂ ਨਾਮਜ਼ਦ ਕੀਤਾ ਗਿਆ ਏ । ਸਰਕਾਰ ਨੇ ਕਿਹਾ ਕਿ ਇਸ ਕਦਮ ਦਾ ਉਦੇਸ਼ ਮਾਰੂਥਲੀਕਰਨ ਨੂੰ ਰੋਕਣਾ ਅਤੇ ਰਾਜ ਵਿੱਚ ਹਰਿਆਲੀ ਹੇਠ ਰਕਬੇ ਨੂੰ ਵਧਾਉਣਾ ਏ । ਉਪ ਮੁੱਖ ਮੰਤਰੀ ਡਾ. ਪ੍ਰੇਮ ਚੰਦ ਬੈਰਵਾ ਨੇ ਦੱਸਿਆ ਕਿ ਕੈਬਨਿਟ ਨੇ ਰਾਜਸਥਾਨ ਸੇਵਾ ਨਿਯਮਾਂ 1951 ਵਿੱਚ ਸੋਧਾਂ ਨੂੰ ਮਨਜ਼ੂਰੀ ਦੇ ਦਿੱਤੀ ਏ । ਸੋਧੇ ਹੋਏ ਉਪਬੰਧਾਂ ਦੇ ਤਹਿਤ, ਮ੍ਰਿਤਕ ਸਰਕਾਰੀ ਕਰਮਚਾਰੀਆਂ ਦੀਆਂ ਨੂੰਹਾਂ ਵੀ ਤਰਸਯੋਗ ਨਿਯੁਕਤੀ ਲਈ ਯੋਗ

ਹੋਣਗੀਆਂ। ਕੈਬਨਿਟ ਨੇ ਸਰੋਗੇਟ ਮਾਵਾਂ ਨੂੰ 90 ਦਿਨਾਂ ਦੀ ਜਣੇਪਾ ਛੁੱਟੀ ਦੇਣ ਦੇ ਤਜਵੀਜ਼ ਨੂੰ ਵੀ ਮਨਜ਼ੂਰੀ ਦੇ ਦਿੱਤੀ। ਇਸ ਤੋਂ ਇਲਾਵਾ, ਇਕੱਲੀਆਂ ਮਹਿਲਾ ਸਰਕਾਰੀ ਕਰਮਚਾਰੀਆਂ ਲਈ ਬਾਲ ਦੇਖਭਾਲ ਛੁੱਟੀ ਹੁਣ ਤਿੰਨ ਦੀ ਬਜਾਏ ਛੇ ਕਿਸ਼ਤਾਂ ਵਿੱਚ ਦਿੱਤੀ ਜਾਵੇਗੀ।

-------------------------------------------------------------------

ਉੱਤਰਾਖੰਡ ਵਿੱਚ, ਚਮੋਲੀ ਜ਼ਿਲ੍ਹੇ ਦੇ ਪਿੱਪਲ-ਕੋਟੀ ਖੇਤਰ ਵਿੱਚ ਇੱਕ ਪਣ-ਬਿਜਲੀ ਪ੍ਰੋਜੈਕਟ ਵਾਲੀ ਥਾਂ 'ਤੇ ਜ਼ਮੀਨ ਖਿਸਕਣ ਅਤੇ ਪਾਣੀ ਦੇ ਲੀਕ ਹੋਣ ਕਾਰਨ ਕੱਲ੍ਹ ਛੇ ਲੋਕਾਂ ਦੀ ਮੌਤ ਹੋ ਗਈ ਅਤੇ 14 ਜ਼ਖਮੀ ਹੋ ਗਏ। ਮੁੱਢਲੀ ਜਾਣਕਾਰੀ ਅਨੁਸਾਰ, 22 ਮਜ਼ਦੂਰ ਸੁਰੰਗ ਵਿੱਚ ਫਸ ਗਏ ਸਨ। ਉਨ੍ਹਾਂ ਵਿੱਚੋਂ 20 ਨੂੰ ਬਚਾ ਲਿਆ ਗਿਆ ਹੈ, ਅਤੇ ਦੋ ਮਜ਼ਦੂਰਾਂ ਦੀ ਭਾਲ ਜਾਰੀ ਏ । ਜ਼ਖਮੀਆਂ ਦਾ ਇਲਾਜ ਨੇੜਲੇ ਹਸਪਤਾਲ ਵਿੱਚ ਕੀਤਾ ਜਾ ਰਿਹਾ ਹੈ। ਪੁਲਿਸ, SDRF, CISF, ਅਤੇ ਹੋਰ ਏਜੰਸੀਆਂ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਆਫ਼ਤ ਪ੍ਰਬੰਧਨ ਅਤੇ ਮੁਸ ਵਸੇਬਾ  ਵਿਭਾਗ ਦੇ ਸਕੱਤਰ ਵਿਨੋਦ ਕੁਮਾਰ ਸੁਮਨ ਨੇ ਕਿਹਾ ਕਿ ਐਮਰਜੈਂਸੀ ਆਪ੍ਰੇਸ਼ਨ ਸੈਂਟਰਾਂ ਤੋਂ ਸਥਿਤੀ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ। ਇਸ ਦੌਰਾਨ, ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਘਟਨਾ 'ਤੇ ਚਿੰਤਾ ਪ੍ਰਗਟ ਕੀਤੀ ਅਤੇ ਸਾਰੀਆਂ ਏਜੰਸੀਆਂ ਨੂੰ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ।

---

ਮੌਸਮ ਵਿਭਾਗ ਨੇ ਅੱਜ ਪੰਜਾਬ ਹਰਿਆਣਾ, ਚੰਡੀਗੜ੍ਹ, ਪੂਰਬੀ ਰਾਜਸਥਾਨ ਅਤੇ ਦਿੱਲੀ ਵਿੱਚ ਭਾਰੀ ਮੀਹਂ ਪੈਣ ਦੀ ਪੇਸ਼ੀਨਗੋਈ ਕੀਤੀ ਏ । ਮੌਸਮ ਵਿਭਾਗ ਨੇ ਗੰਗਾ ਪੱਛਮੀ ਬੰਗਾਲ, ਹਿਮਾਚਲ ਪ੍ਰਦੇਸ਼, ਅਤੇ ਉੱਤਰਾਖੰਡ ਵਿੱਚ ਬਾਰਿਸ਼ ਲਈ ਓਰੇਂਜ ਅਲਰਟ ਵੀ ਜਾਰੀ ਕੀਤਾ ਏ । ਉੱਤਰ-ਪੂਰਬੀ ਭਾਰਤ, ਜਿਸ ਵਿੱਚ ਤਾਮਿਲਨਾਡੂ, ਪੁਡੂਚੇਰੀ ਅਤੇ ਕਰਾਈਕਲ ਸ਼ਾਮਲ ਹਨ, ਵਿੱਚ ਗਰਜ-ਤੂਫ਼ਾਨ ਅਤੇ ਬਿਜਲੀ ਦੇ ਨਾਲ ਭਾਰੀ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਗਈ ਹੈ। ਜੰਮੂ, ਕਸ਼ਮੀਰ, ਲੱਦਾਖ, ਗਿਲਗਿਤ, ਵਿੱਚ ਵੀ ਇਸੇ ਤਰ੍ਹਾਂ ਦੇ ਹਾਲਾਤ ਰਹਿਣ ਦੀ ਸੰਭਾਵਨਾ ਜਤਾਈ ਗਈ ਏ । ਵਿਭਾਗ ਨੇ ਛੱਤੀਸਗੜ੍ਹ ਵਿੱਚ ਭਾਰੀ ਬਾਰਿਸ਼ ਲਈ ਲਾਲ ਅਲਰਟ ਜਾਰੀ ਕੀਤਾ ਹੈ।

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ 80ਵੇਂ ਆਜ਼ਾਦੀ ਦਿਵਸ ਤੋਂ ਇੱਕ ਸ਼ਾਮ ਪਹਿਲਾਂ ਅੱਜ ਰਾਸ਼ਟਰ ਨੂੰ ਸੰਬੋਧਨ ਕਰਨਗੇ ।

- -ਦੇਸ਼ ਦੀ ਵੰਡ ਦੌਰਾਨ ਦਰਦ ਝੱਲਣ ਵਾਲਿਆਂ ਦੀ ਯਾਦ ਵਿਚ ਅੱਜ, ਵੰਡ ਦਾ ਭਿਆਨਕ ਯਾਦਗਾਰੀ ਦਿਵਸ ਮਨਾਇਆ ਜਾ ਰਿਹਾ ਏ ।
- -ਦਿੱਲੀ 'ਚ ਫਾਇਰ ਆਪਰੇਟਰ ਅਤੇ ਜੇਲ੍ਹ ਵਿਭਾਗ ਵਿੱਚ ਸਾਬਕਾ ਅਗਨੀਵੀਰਾਂ ਲਈ 20 ਫੀਸਦੀ ਰਾਖਵੇਂਕਰਨ ਨੂੰ ਉਪ-ਰਾਜਪਾਲ ਦੀ ਮਨਜ਼ੂਰੀ -ਉਮਰ ਹੱਦ ਵਿੱਚ ਵੀ ਛੋਟ ਮਿਲੇਗੀ ।

- -ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ- ਦੇ ਤਹਿਤ ਕੇਂਦਰੀ ਬੈਂਕ ਡਿਜੀਟਲ ਕਰੰਸੀ ਸਿੱਧੇ ਲਾਭ ਟ੍ਰਾਂਸਫਰ ਲਈ ਡਿਜੀਟਲ ਵਿਵਸਥਾ ਅੱਜ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਸ਼ੁਰੂ ਕੀਤੀ ਜਾਵੇਗੀ ।
    - -ਉੱਤਰਾਖੰਡ ਵਿੱਚ, ਚਮੋਲੀ ਜ਼ਿਲ੍ਹੇ ਵਿੱਚ ਇੱਕ ਨਿਰਮਾਣ ਅਧੀਨ ਸੁਰੰਗ ਵਿਚ ਜ਼ਮੀਨ ਖਿਸਕਣ ਅਤੇ ਪਾਣੀ ਲੀਕ ਹੋਣ ਕਾਰਨ 6 ਲੋਕਾਂ ਦੀ ਮੌਤ -14 ਜ਼ਖਮੀ ।
    - -ਮੌਸਮ ਵਿਭਾਗ ਨੇ ਅੱਜ ਪੰਜਾਬ ਹਰਿਆਣਾ ਤੇ ਚੰਡੀਗੜ੍ਹ ਸਮੇਤ ਹੋਰਨਾਂ ਕਈ ਸੂਬਿਆਂ ਵਿੱਚ ਭਾਰੀ ਮੀਹਂ ਪੈਣ ਦੀ ਪੇਸ਼ੀਨਗੋਈ ਕੀਤੀ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 1.10 ਨਮਸਕਾਰ**